ਆਕਾਸ਼ਵਾਣੀ ਜਲੰਧਰ

ਪ੍ਰਦੇਸ਼ਿਕ ਖਬਰਾਂ ਪੰਜਾਬੀ

18:20 Pm

ਮਿਤੀ: 30-09-2024

- ਕੇਂਦਰੀ ਜਾਂਚ ਬਿਊਰੋ ਨੇ ਆਲਮੀ ਪੱਧਰ 'ਤੇ ਧੋਖਾਧੜੀ ਦੀਆਂ ਗਤੀਵਿਧੀਆਂ ਵਿੱਚ ਸ਼ਾਮਲ ਸਾ ਈਬਰ ਅਪਰਾਧ ਨੈਟਵਰਕ ਦੇ 26 ਮੁੱਖ ਸੰਚਾਲਕਾਂ ਨੂੰ ਗ੍ਰਿਫਤਾਰ ਕੀਤਾ ਏ।
- ਸੂਬੇ ਵਿੱਚ ਭਲਕੇ ਤੋਂ ਝੋਨੇ ਦੀ ਸਰਕਾਰੀ ਖਰੀਦ ਸ਼ੁਰੂ ਹੋ ਰਹੀ ਏ। ਵੱਖ-ਵੱਖ ਜਿਲ੍ਹਿਆਂ ਦੇ ਡਿਪਟੀ ਕਮਿਸ਼ਨਰਾਂ ਨੇ ਖਰੀਦ ਪ੍ਰਬੰਧਾਂ ਦਾ ਜਾਇਜਾ ਲਿਆ।
- ਸੀ ਆਈ ਏ ਸਟਾਫ ਖਰੜ ਨੇ ਏਟੀਐਮ ਬਦਲ ਕੇ ਠੱਗੀ ਮਾਰਨ ਤੇ ਅੰਤਰਰਾਜੀ ਚੋਰ ਗਿਰੋਹ ਦਾ ਪਰਦਾਫਾਸ਼ ਕੀਤਾ ਏ।
- ਸ੍ਰੀ ਫਤਹਿਗੜ੍ਹ ਸਾਹਿਬ ਵਿਖੇ ਆਂਗਨਵਾੜੀ ਵਰਕਰਾਂ ਨੇ ਸਰਕਾਰ ਖਿਲਾਫ ਰੋਸ ਪ੍ਰਦਰਸ਼ਨ ਕੀਤਾ ਏ।

---------------------------------------------------------

ਕੇਂਦਰੀ ਜਾਂਚ ਬਿਊਰੋ ਨੇ ਆਲਮੀ ਪੱਧਰ 'ਤੇ ਧੋਖਾਧੜੀ ਦੀਆਂ ਗਤੀਵਿਧੀਆਂ ਵਿੱਚ ਸ਼ਾਮਲ ਇੱਕ ਸਾਈਬਰ ਅਪਰਾਧ ਨੈਟਵਰਕ ਦੇ 26 ਮੁੱਖ ਸੰਚਾਲਕਾਂ ਨੂੰ ਗ੍ਰਿਫਤਾਰ ਕੀਤਾ ਏ। ਸੀ.ਬੀ.ਆਈ. ਨੇ ਇਨ੍ਹਾਂ ਅਪਰਾਧੀਆਂ ਨੂੰ ਕਈ ਸ਼ਹਿਰਾਂ ਵਿੱਚ 32 ਸਥਾਨਾਂ 'ਤੇ ਇੱਕ ਤਾਲਮੇਲ ਮੁਹਿੰਮ ਚਲਾਉਣ ਤੋਂ ਬਾਅਦ ਗ੍ਰਿਫਤਾਰ ਕੀਤਾ। ਸੀ ਬੀ ਆਈ ਨੇ ਕਿਹਾ ਕਿ ਗ੍ਰਿਫਤਾਰ ਕੀਤੇ ਗਏ 10 ਮੁੱਖ ਸੰਚਾਲਕ ਪੁਣੇ, ਪੰਜ ਹੈਦਰਾਬਾਦ ਅਤੇ 11 ਵਿਸ਼ਾਖਾਪਟਨਮ ਦੇ ਰਹਿਣ ਵਾਲੇ ਨੇ। ਸੀ ਬੀ ਆਈ ਨੇ ਕਿਹਾ ਕਿ ਇਸ ਨੈਟਵਰਕ ਨੇ ਵਿਸ਼ੇਸ਼ ਤੌਰ 'ਤੇ ਅਮਰੀਕੀ ਨਾਗਰਿਕਾਂ ਨੂੰ ਨਿਸ਼ਾਨਾ ਬਣਾ ਕੇ ਆਪਣੀ ਤਕਨੀਕੀ ਸਹਾਇਤਾ ਸੇਵਾ ਵਜੋਂ ਗਲਤ ਪਛਾਣ ਕਰਕੇ ਸਾਈਬਰ ਕ੍ਰਾਈਮ ਨੂੰ ਅੰਜਾਮ ਦਿੱਤਾ ਏ। NSD

---------------------------------------------------------

ਸੂਬੇ ਵਿੱਚ ਕੱਲ੍ਹ ਤੋਂ ਝੋਨੇ ਦੀ ਖਰੀਦ ਸ਼ੁਰੂ ਹੋ ਰਹੀ ਹੈ। ਇਸਨੂੰ ਲੈ ਕੇ ਵੱਖ-ਵੱਖ ਜਿਲ੍ਹਿਆਂ ਦੇ ਡਿਪਟੀ ਕਮਿਸ਼ਨਰਾਂ ਨੇ ਅਧਿਕਾਰੀਆਂ ਨਾਲ ਮੀਟਿੰਗ ਕਰਕੇ ਖਰੀਦ ਪ੍ਰਬੰਧਾਂ ਦਾ ਜਾਇਜ਼ਾ ਲਿਆ ਏ। ਬਠਿੰਡਾ ਦੇ ਡਿਪਟੀ ਕਮਿਸ਼ਨਰ ਸ਼ੌਕਤ ਅਹਿਮਦ ਪਰੇ ਨੇ ਝੋਨੇ ਦੀ ਖਰੀਦ ਤੇ ਸਮੇਂ-ਸਿਰ ਲਿਫਟਿੰਗ ਦੇ ਪ੍ਰਬੰਧਾਂ ਸਬੰਧੀ ਅਧਿਕਾਰੀਆਂ, ਸੈੱਲਰ ਮਾਲਕਾਂ, ਆੜ੍ਹਤੀਆਂ, ਕੰਬਾਈਨ ਮਾਲਕਾਂ ਅਤੇ ਕਿਸਾਨ ਨੁਮਾਇੰਦਿਆਂ ਨਾਲ ਵਿਸ਼ੇਸ਼ ਬੈਠਕ ਕਰਕੇ ਉਨ੍ਹਾਂ ਨੂੰ ਦਿਸ਼ਾ-ਨਿਰਦੇਸ਼ ਦਿੱਤੇ ਨੇ। ਡਿਪਟੀ ਕਮਿਸ਼ਨਰ ਨੇ ਕਿਹਾ ਕਿ ਕਿਸਾਨਾਂ ਦੀ ਝੋਨੇ ਦੀ ਫਸਲ ਦਾ ਇੱਕ-ਇੱਕ ਦਾਣਾ ਖਰੀਦਿਆਂ ਜਾਵੇਗਾ। ਇਸ ਦੌਰਾਨ ਉਨ੍ਹਾਂ ਕਿਹਾ ਕਿ ਆਪਸੀ ਸਹਿਯੋਗ ਤੇ ਭਾਈਚਾਰਕ ਸਾਂਝ ਬਰਕਰਾਰ ਰੱਖਦਿਆਂ ਝੋਨੇ ਦੀ ਖਰੀਦ ਦੇ ਪ੍ਰਬੰਧਾਂ ਨੂੰ ਸਫਲਤਾਪੂਰਵਕ ਢੰਗ ਨਾਲ ਨੇਪਰੇ ਚੜਾਇਆ ਜਾਵੇ। ਇਸ ਦੌਰਾਨ ਡਿਪਟੀ ਕਮਿਸ਼ਨਰ ਨੇ ਜ਼ਿਲ੍ਹਾ ਮੰਡੀ ਅਫ਼ਸਰ ਨੂੰ ਹਦਾਇਤ ਕਰਦਿਆਂ ਕਿਹਾ ਕਿ ਜ਼ਿਲ੍ਹੇ ਦੀਆਂ ਸਾਰੀਆਂ ਮੰਡੀਆਂ ਵਿੱਚ ਕਿਸਾਨਾਂ ਦੀ ਸਹੂਲਤ ਲਈ ਪੀਣ ਵਾਲੇ ਸਾਫ ਸੁਥਰੇ ਪਾਣੀ, ਬਿਜਲੀ ਤੇ ਬੈਠਣ ਲਈ ਛਾਂਦਾਰ ਜਗ੍ਹਾ ਦੇ ਪ੍ਰਬੰਧ ਕੀਤੇ ਜਾਣ ਅਤੇ ਇਹ ਵੀ ਯਕੀਨੀ ਬਣਾਉਣ ਕਿ ਵੱਧ ਨਮੀ ਵਾਲਾ ਝੋਨਾ ਮੰਡੀਆਂ ਵਿੱਚ ਨਾ ਆਉਣ ਦਿੱਤਾ ਜਾਵੇ। ਸ੍ਰੀ ਸ਼ੌਕਤ ਅਹਿਮਦ ਪਰੇ ਨੇ ਕੰਬਾਇਨ ਮਾਲਕਾਂ ਨੂੰ ਹਦਾਇਤ ਕਰਦਿਆਂ ਕਿਹਾ ਕਿ ਜ਼ਿਲ੍ਹੇ ਅੰਦਰ ਸ਼ਾਮ 7 ਵਜੇ ਤੋਂ ਸਵੇਰੇ 10 ਵਜੇ ਤੱਕ ਕੰਬਾਈਨਾਂ ਨਾਲ ਝੋਨੇ ਨੂੰ ਨਾ ਕੱਟਣ। ਉਧਰ, ਫ਼ਤਹਿਗੜ੍ਹ ਸਾਹਿਬ ਦੇ ਡਿਪਟੀ ਕਮਿਸ਼ਨਰ ਡਾ.ਸੋਨਾ ਥਿੰਦ ਅਤੇ ਜ਼ਿਲ੍ਹਾ ਪੁਲੀਸ ਮੁਖੀ ਡਾ. ਰਵਜੋਤ ਗਰੇਵਾਲ ਨੇ  ਭਲਕੇ ਤੋਂ ਸ਼ੁਰੂ ਹੋਣ ਵਾਲੀ ਝੋਨੇ ਦੀ ਖ਼ਰੀਦ ਨੂੰ ਸੁਚਾਰੂ ਢੰਗ ਨਾਲ ਨੇਪਰੇ ਚੜ੍ਹਾਉਣ ਲਈ ਆੜ੍ਹਤੀਆਂ, ਰਾਇਸ ਮਿੱਲਰਾਂ, ਹਾਰਵੈਸਟਰ ਕੰਬਾਈਨਾਂ ਦੇ ਮਾਲਕਾਂ ਤੇ ਕਿਸਾਨਾਂ ਨਾਲ ਬੱਚਤ ਭਵਨ ਵਿਖੇ ਮੀਟਿੰਗ ਦੌਰਾਨ ਕਿਹਾ ਕਿ ਝੋਨੇ ਦੀ ਖ਼ਰੀਦ ਨਾਲ ਸਬੰਧਤ ਕਿਸੇ ਵੀ ਧਿਰ ਨੂੰ ਕਿਸੇ ਕਿਸਮ ਦੀ ਦਿੱਕਤ ਨਹੀਂ ਆਉਣ ਦਿੱਤੀ ਜਾਵੇਗੀ। ਡਿਪਟੀ ਕਮਿਸ਼ਨਰ ਨੇ ਕਿਹਾ ਕਿ ਕਿਸਾਨਾਂ ਦੀ ਫ਼ਸਲ ਦਾ ਇੱਕ-ਇੱਕ ਦਾਣਾ ਖਰੀਦਿਆ ਜਾਵੇਗਾ, ਜ਼ਿਲ੍ਹੇ ਦੀਆਂ ਮੰਡੀਆਂ 'ਚ ਕਿਸਾਨਾਂ ਨੂੰ ਕਿਸੇ ਤਰ੍ਹਾਂ ਦੀ ਸਮੱਸਿਆ ਨਾ ਆਵੇ, ਉਸ ਨੂੰ ਲੈ ਕੇ ਪੁਖਤਾ ਪ੍ਰਬੰਧ ਕੀਤੇ ਗਏ ਹਨ। ਕਿਸਾਨਾਂ ਲਈ ਪੀਣ ਵਾਲੇ ਪਾਣੀ, ਬੈਠਣ, ਬਿਜਲੀ ਦੇ ਪ੍ਰਬੰਧ ਪੁਖ਼ਤਾ ਕਰ ਲਏ ਗਏ ਹਨ ਅਤੇ ਕਿਸਾਨਾਂ ਨੂੰ ਮੰਡੀਆਂ 'ਚ ਕਿਸੇ ਤਰ੍ਹਾਂ ਦੀ ਸਮੱਸਿਆ ਦਾ ਸਾਹਮਣਾ ਨਹੀਂ ਕਰਨਾ ਪਵੇਗਾ। ਇਸ ਮੌਕੇ ਡਿਪਟੀ ਕਮਿਸ਼ਨਰ ਨੇ ਹਾਰਵੈਸਟਰ ਕੰਬਾਈਨਾਂ ਦੇ ਮਾਲਕਾਂ ਨੂੰ ਕਿਹਾ ਕਿ ਉਹ ਨਿਰਧਾਰਤ ਸਮੇਂ ਅਨੁਸਾਰ ਹੀ ਕੰਬਾਈਨਾਂ ਚਲਾਈਆਂ ਜਾਣ ਤਾਂ ਜੋ ਗਿੱਲੇ ਝੋਨੇ ਕਾਰਨ ਝੋਨੇ ਦੀ ਖਰੀਦ ਨਾਲ ਜੁੜੀ ਕਿਸੇ ਵੀ ਧਿਰ ਨੂੰ ਕੋਈ ਦਿੱਕਤ ਨਾ ਆਵੇ। ਉਧਰ, ਪਠਾਨਕੋਟ ਜਿਲ੍ਹੇ ਦੇ ਡਿਪਟੀ

ਕਮਿਸ਼ਨਰ ਆਦਿਤਿਆ ਉੱਪਲ ਨੇ ਵੀ ਖਰੀਦ ਪ੍ਰਬੰਧਾਂ ਨੂੰ ਲੈ ਕੇ ਅਧਿਕਾਰੀਆਂ ਨਾਲ ਮੀਟਿੰਗ ਕੀਤੀ ਤੇ ਪ੍ਰਬੰਧ ਮੁਕੰਮਲ ਕਰਨ ਦਾ ਦਾਅਵਾ ਕੀਤਾ। ਉਨ੍ਹਾਂ ਦੱਸਿਆ ਕਿ ਜਿਲ੍ਹਾ ਪਠਾਨਕੋਟ ਅੰਦਰ ਵੀ ਸਥਿਤ 14 ਮੰਡੀਆਂ ਅੰਦਰ ਝੋਨੇ ਦੀ ਖਰੀਦ ਨੂੰ ਲੈ ਕੇ ਸਾਰੇ ਪ੍ਰਬੰਧ ਮੁਕੰਮਲ ਕੀਤੇ ਗਏ ਹਨ ਅਤੇ ਇਸ ਦੇ ਨਾਲ ਹੀ ਜਿਲ੍ਹੇ ਅੰਦਰ ਫਸਲਾਂ ਦੀ ਰਹਿੰਦ ਖੂੰਹਦ ਨੂੰ ਅੱਗ ਨਾ ਲਗਾਉਣ ਲਈ ਕਿਸਾਨਾਂ ਨੂੰ ਜਾਗਰੂਕ ਵੀ ਕੀਤਾ ਜਾ ਰਿਹਾ ਏ।

ਇਸੇ ਤਰ੍ਹਾਂ ਪਟਿਆਲਾ ਦੇ ਡਿਪਟੀ ਕਮਿਸ਼ਨਰ ਡਾ. ਪ੍ਰੀਤੀ ਯਾਦਵ ਨੇ ਅੱਜ ਝੋਨੇ ਦੇ ਖਰੀਦ ਪ੍ਰਬੰਧਾਂ ਜਾਇਜ਼ਾ ਲੈਣ ਲਈ ਰਾਜਪੁਰਾ ਅਨਾਜ ਮੰਡੀ ਦਾ ਦੌਰਾ ਕੀਤਾ। ਡਾ. ਪ੍ਰੀਤੀ ਯਾਦਵ ਨੇ ਕਿਹਾ ਕਿ ਪਟਿਆਲਾ ਜ਼ਿਲ੍ਹੇ 'ਚ ਸਭ ਤੋਂ ਪਹਿਲਾਂ ਝੋਨੇ ਦੀ ਆਮਦ ਰਾਜਪੁਰਾ ਵਿਖੇ ਸ਼ੁਰੂ ਹੁੰਦੀ ਹੈ, ਇਸ ਲਈ ਉਨ੍ਹਾਂ ਰਾਜਪੁਰਾ ਮੰਡੀ ਦਾ ਦੌਰਾ ਕਰਕੇ ਖਰੀਦ ਪ੍ਰਬੰਧਾਂ ਦਾ ਜਾਇਜ਼ਾ ਲਿਆ ਏ। ਉਨ੍ਹਾਂ ਕਿਹਾ ਕਿ ਪਟਿਆਲਾ ਜ਼ਿਲ੍ਹੇ 'ਚ 109 ਮੰਡੀਆਂ ਤੇ 126 ਆਰਜ਼ੀ ਯਾਰਡ ਬਣਾਏ ਗਏ ਨੇ।

----------------------------------------------------------

ਪੰਜਾਬ ਭਾਜਪਾ ਪ੍ਰਧਾਨ ਸੁਨੀਲ ਜਾਖੜ ਵਲੋਂ ਅਸਤੀਫ਼ਾ ਦਿੱਤੇ ਜਾਣ ਦੀਆਂ ਚਰਚਾਵਾਂ ਮਗਰੋਂ ਅੱਜ ਪੰਜਾਬ ਬੀ ਜੇ ਪੀ ਦੇ ਇੰਚਾਰਜ ਵਿਜੇ ਰੂਪਾਨੀ ਨੇ ਚੰਡੀਗੜ੍ਹ ਵਿਖੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਜਾਖੜ ਨੇ ਨਾ ਤਾਂ ਅਹੁਦੇ ਤੋਂ ਅਸਤੀਫ਼ਾ ਦਿੱਤਾ ਏ ਅਤੇ ਨਾ ਹੀ ਪਾਰਟੀ ਨੂੰ ਉਨ੍ਹਾਂ ਦਾ ਅਸਤੀਫ਼ਾ ਮਿਲਿਆ ਏ। ਉਨ੍ਹਾਂ ਕਿਹਾ ਕਿ ਜਾਖੜ ਆਪਣੇ ਨਿੱਜੀ ਕੰਮਾਂ ਕਾਰਨ ਦਿੱਲੀ ਵਿਚ ਮੌਜੂਦ ਨੇ। ਉਨ੍ਹਾਂ ਕਿਹਾ ਕਿ ਜਾਖੜ ਪਾਰਟੀ ਦੇ ਮੁਖੀ ਨੇ, ਉਹ ਬੀ ਜੇ ਪੀ ਦੀਆਂ ਆਉਣ ਵਾਲੀਆਂ ਮੀਟਿੰਗਾਂ ਵਿਚ ਜ਼ਰੂਰ ਸ਼ਾਮਿਲ ਹੋਣਗੇ। ਪੰਚਾਇਤੀ ਚੋਣਾਂ ਅਤੇ ਮੈਂਬਰਸ਼ਿਪ ਮੁਹਿੰਮ ਨੂੰ ਲੈ ਕੇ ਅੱਜ ਪੰਜਾਬ ਬੀ ਜੇ ਪੀ ਦੇ ਅਹੁਦੇਦਾਰ ਦੀ ਮੀਟਿੰਗ ਹੋ ਰਹੀ ਏ, ਜਿਸ ਵਿਚ ਅਗਲੀ ਰਣਨੀਤੀ ਤੈਅ ਕੀਤੀ ਜਾਵੇਗੀ।

----------------------------------------------------------

ਜ਼ਿਲਾ ਫਤਿਹਗੜ੍ਹ ਸਾਹਿਬ ਵਿਖੇ ਆਂਗਣਵਾੜੀ ਮੁਲਾਜ਼ਮ ਯੂਨੀਅਨ ਨੇ ਸਰਕਾਰ ਦੇ ਖਿਲਾਫ ਰੋਸ

ਪ੍ਰਦਰਸ਼ਨ ਕੀਤਾ ਏ। ਇਸ ਮੌਕੇ ਯੂਨੀਅਨ ਦੇ ਸੂਬਾ ਪ੍ਰਧਾਨ ਹਰਜੀਤ ਕੌਰ ਪੰਜੋਲਾ ਨੇ ਕਿਹਾ ਕਿ ਆਂਗਣਵਾੜੀ ਕੇਂਦਰਾਂ ਦੀ ਸਿੱਧੀ ਨਿਗਰਾਨੀ ਲਈ ਕੇਂਦਰ ਸਰਕਾਰ ਵੱਲੋਂ ਪੋਸ਼ਣ ਟਰੈਕ ਐਪ ਚਲਾਈ ਜਾ ਰਹੀ ਏ ਅਤੇ ਜਿਸ ਨੂੰ ਸਹੀ ਰੂਪ ਵਿੱਚ ਚਲਾਣ ਵਾਸਤੇ ਸਰਕਾਰ ਨੇ ਵੱਖ ਵੱਖ ਸੂਬਿਆਂ ਵਿੱਚ ਮੋਬਾਇਲ ਅਤੇ ਮੋਬਾਇਲ ਭੱਤੇ ਦਿੱਤੇ ਨੇ ਪਰ ਪੰਜਾਬ ਸਰਕਾਰ ਅਤੇ ਸਮਾਜਿਕ ਸੁਰੱਖਿਆ ਇਸਤਰੀ ਤੇ ਬਾਲ ਵਿਕਾਸ ਵਿਭਾਗ ਵੱਲੋਂ ਪੋਸ਼ਣ ਟਰੈਕ ਉੱਤੇ ਕੰਮ ਤਾਂ ਲਿਆ ਜਾ ਰਿਹਾ ਏ ਪਰ ਇਸ ਨੂੰ ਚਲਾਉਣ ਲਈ ਲੈਪਟੋਪ ਦੀ ਜਰੂਰਤ ਏ। ਜੋ ਅਜੇ ਤੱਕ ਨਹੀਂ ਦਿੱਤੇ ਗਏ। ਉਹਨਾਂ ਪੰਜਾਬ ਸਰਕਾਰ ਨੂੰ ਆਪਣੀਆਂ ਵੱਖ ਵੱਖ ਮੀਟਿੰਗਾਂ ਵਿੱਚ ਕੀਤੇ ਫੈਸਲੇ ਤੁਰੰਤ ਲਾਗੂ ਕਰਨ ਦੀ ਮੰਗ ਕੀਤੀ ਏ। ਉਹਨਾਂ ਕਿਹਾ ਕਿ ਜੇਕਰ ਉਹਨਾਂ ਦੀਆਂ ਮੰਗਾਂ ਨਾ ਮੰਨੀਆਂ ਗਈਆਂ ਤਾਂ ਸ਼ੰਘਰਸ ਹੋਰ ਤੇਜ ਕੀਤਾ ਜਾਵੇਗਾ।

-----------------------------------------------------

ਏਕ ਪੇੜ ਮਾਂ ਕੇ ਨਾਮ ਮੁਹਿਮ ਦੇ ਸਮਾਪਨ ਮੌਕੇ ਫਾਜਿਲਕਾ ਦੇ ਜੁਡੀਸ਼ੀਅਲ ਅਫਸਰਾਂ ਨੇ ਜੂਡੀਸ਼ੀਅਲ ਕੋਰਟ ਕੰਪਲੈਕਸ ਵਿਖੇ ਬੂਟੇ ਲਗਾਏ। ਜ਼ਿਲ੍ਹਾ ਅਤੇ ਸੈਸ਼ਨ ਜੱਜ ਅਵਤਾਰ ਸਿੰਘ ਨੇ ਦਸਿਆ ਕਿ ਇਸ ਮੁਹਿਮ ਦਾ ਉਦੇਸ਼ ਵਾਤਾਵਰਨ ਪ੍ਰਤੀ ਲੋਕਾਂ ਨੂੰ ਜਾਗਰੁਕ ਕਰਨਾ ਅਤੇ ਜਿਲ੍ਹਾ ਫ਼ਾਜ਼ਿਲਕਾ ਵਿਚ ਵੱਧ ਤੋਂ ਵੱਧ ਬੂਟੇ ਲਾਉਣ ਏ। ਉਨ੍ਹਾਂ ਕਿਹਾ ਕਿ ਮਨੁੱਖ ਵਾਤਾਵਰਨ ਦਾ ਹਿੱਸਾ ਏ ਅਤੇ ਕੁਦਰਤ ਦੇ ਬਿਨਾ ਮਨੁੱਖ ਦਾ ਜੀਵਨ ਸੰਭਵ ਨਹੀਂ ਏ।

-----------------------------------------------------

ਬਟਾਲਾ ਵਿਖੇ ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ ਸਮੇਤ ਵੱਖ-ਵੱਖ ਵਿਭਾਗਾਂ ਦੀਆਂ ਟੀਮਾਂ ਵੱਲੋਂ ਪਿੰਡਾਂ ਵਿੱਚ ਜਾ ਕੇ ਕਿਸਾਨਾਂ ਨੂੰ ਪਰਾਲੀ ਨਾ ਸਾੜਨ ਲਈ ਪ੍ਰੇਰਿਤ ਕੀਤਾ ਜਾ ਰਿਹਾ ਏ, ਜਿਸ ਦੇ ਚੱਲਦਿਆ ਅੱਜ ਸ਼੍ਰੀ ਹਰਗੋਬਿੰਦਪੁਰ ਸਾਹਿਬ ਦੇ ਨੇੜਲੇ ਪਿੰਡਾਂ ਭੱਠੀਵਾਲ, ਰਿਆਲੀ ਕਲਾਂ ਅਤੇ ਰਿਆਲੀ ਖੁਰਦ ਵਿਖੇ ਕਿਸਾਨਾਂ ਨਾਲ ਮੀਟਿੰਗ ਕਰਕੇ ਪ੍ਰਸ਼ਾਸਨ ਨਾਲ ਸਹਿਯੋਗ ਕਰਨ ਅਪੀਲ ਕੀਤੀ ਗਈ। ਮੁੱਖ ਖੇਤੀਬਾੜੀ ਅਫਸਰ ਗੁਰਦਾਸਪੁਰ,ਡਾ. ਸੁਰਿੰਦਰਪਾਲ ਸਿੰਘ ਨੇ ਦੱਸਿਆ ਕਿ ਕਿਸਾਨਾਂ ਨੂੰ ਝੋਨੇ ਦੀ ਪਰਾਲੀ ਨੂੰ ਅੱਗ ਲਗਾਉਣ ਨਾਲ ਹੋਣ ਵਾਲੇ ਨੁਕਸਾਨਾਂ ਬਾਰੇ ਜਾਣੂ ਕਰਵਾਇਆ ਗਿਆ ਅਤੇ ਇਸ ਕੈਂਪ

ਵਿੱਚ ਕਿਸਾਨਾਂ ਨੂੰ ਅਪੀਲ ਕੀਤੀ ਗਈ ਕਿ ਉਹ ਪਰਾਲੀ ਨੂੰ ਅੱਗ ਨਾਲ ਲਾਉਣ ਕਿਉਕਿ ਇਸ ਨਾਲ ਵਾਤਾਵਰਨ ਦੂਸ਼ਿਤ ਹੁੰਦਾ ਏ । ਫਰੀਦਕੋਟ ਵਿਖੇ ਪਰਾਲੀ ਦੀ ਰਹਿੰਦ ਖੂੰਹਦ ਨੂੰ ਅੱਗ ਲਾਉਣ ਦੇ ਮਾਮਲਿਆਂ ਨੂੰ ਰੋਕਣ ਅਤੇ ਇਸ ਦੇ ਮਨੁੱਖ ਅਤੇ ਵਾਤਾਵਰਨ ਤੇ ਪੈਂਦੇ ਮਾੜੇ ਪ੍ਰਭਾਵਾਂ ਬਾਰੇ ਜਾਗਰੂਕ ਕਰਨ ਲਈ ਨਿਯੁਕਤ ਕਲੱਸਟਰ ਅਫਸਰਾਂ ਦੀ ਮੀਟਿੰਗ ਡਿਪਟੀ ਕਮਿਸ਼ਨਰ ਵਿਨੀਤ ਕੁਮਾਰ ਦੀ ਪ੍ਰਧਾਨਗੀ ਹੇਠ ਹੋਈ। ਇਸ ਦੌਰਾਨ ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਇਸ ਵਾਰ ਪ੍ਰਸ਼ਾਸ਼ਨ ਵੱਲੋਂ ਕੋਈ ਵੀ ਢਿੱਲ ਨਹੀਂ ਵਰਤੀ ਜਾਵੇਗੀ ਅਤੇ ਅੱਗ ਲਾਉਣ ਵਾਲੇ ਕਿਸਾਨਾਂ ਵਿਰੁੱਧ ਸਖਤ ਤੋਂ ਸਖਤ ਕਾਰਵਾਈ ਕੀਤੀ ਜਾਵੇਗੀ। ਉਨ੍ਹਾਂ ਕਿਹਾ ਕਿ ਅੱਗ ਲਾਉਣ ਵਾਲੇ ਕਿਸਾਨਾਂ ਦੇ ਵੱਧ ਤੋਂ ਵੱਧ ਚਾਲਾਨ ਕੱਟੇ ਜਾਣਗੇ ਅਤੇ ਇਸ ਸਬੰਧੀ ਪਿੰਡ ਦੇ ਗੁਰਦੁਆਰਿਆਂ ਵਿੱਚ ਅਨਾਊਂਸਮੈਂਟ ਕਰਵਾ ਕੇ ਕਿਸਾਨਾਂ ਅਤੇ ਆਮ ਲੋਕਾਂ ਨੂੰ ਜਾਗੂਰਕ ਵੀ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਇਹ ਯਕੀਨੀ ਬਣਾਇਆ ਜਾਵੇ ਕਿ ਕਿਸਾਨ ਝੋਨੇ ਦੀ ਕਟਾਈ ਕੰਬਾਇਨ ਅੱਗੇ ਹਾਰਵੈਸਟ ਅਤੇ ਸੁਪਰ ਐਸ.ਐਮ.ਐਸ ਲਗਾ ਕੇ ਹੀ ਕਰਨ।ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਢਾਈ ਏਕੜ ਤੇ ਅੱਗ ਲਗਾਉਣ ਵਾਲੇ ਕਿਸਾਨ ਨੂੰ 2500 ਰੁਪਏ, ਢਾਈ ਤੋਂ ਪੰਜ ਏਕੜ ਨੂੰ ਅੱਗ ਲਗਾਉਣ ਵਾਲੇ ਕਿਸਾਨ ਨੂੰ 5000 ਰੁਪਏ ਅਤੇ ਪੰਜ ਏਕੜ ਤੋਂ ਜ਼ਿਆਦਾ ਜਮੀਨ ਤੇ ਅੱਗ ਲਗਾਉਣ ਵਾਲੇ ਕਿਸਾਨਾਂ ਨੂੰ 15000 ਰੁਪਏ ਜੁਰਾਮਾਨਾ ਲਗਾਇਆ ਜਾਵੇਗਾ ਅਤੇ ਇਸ ਦੇ ਨਾਲ ਨਾਲ ਉਨ੍ਹਾਂ ਦੇ ਜਮੀਨੀ ਰਿਕਾਰਡ ਵਿੱਚ ਰੈੱਡ ਐਂਟਰੀ ਕੀਤੀ ਜਾਵੇਗੀ।

-----------------------------------------------------

ਸ੍ਰੀ ਮੁਕਤਸਰ ਸਾਹਿਬ ਦੇ ਜ਼ਿਲ੍ਹਾ ਮੈਜਿਸਟਰੇਟ ਰਾਜੇਸ਼ ਤ੍ਰਿਪਾਠੀ ਨੇ ਜ਼ਿਲ੍ਹੇ ਦੀ ਹਦੂਦ ਅੰਦਰ ਸ਼ਾਮ 6 ਵਜੇ ਤੋਂ ਸਵੇਰੇ 10 ਵਜੇ ਤੱਕ ਝੋਨੇ ਦੀ ਫਸਲ ਕੰਬਾਇਨਾਂ ਨਾਲ ਵੱਢਣ ਤੇ ਮੁਕੰਮਲ ਰੋਕ ਲਗਾ ਦਿੱਤੀ ਏ। ਉਨ੍ਹਾਂ ਕਿਹਾ ਕਿ ਪੁਰਾਣੀਆਂ ਹੋ ਚੁੱਕੀਆਂ ਕੰਬਾਇਨਾਂ ਅਤੇ ਹਾਰਵੈਸਟਰ ਝੋਨੇ ਦੀ ਕੁਆਲਿਟੀ ਨੂੰ ਬੁਰੀ ਤਰ੍ਹਾਂ ਪ੍ਰਭਾਵਿਤ ਕਰਦੀਆਂ ਨੇ। ਇਨ੍ਹਾਂ ਨੂੰ ਚਲਾਉਂਦੇ ਸਮੇਂ ਕਈ ਵਾਰ ਮਕੈਨੀਕਲ ਨੁਕਸ ਪੈ ਜਾਂਦੇ ਨੇ ਤੇ ਇਸ ਨਾਲ ਟੁੱਟੇ ਹੋਏ ਦਾਣਿਆਂ ਦੀ ਮਾਤਰਾ ਵੀ ਮਾਪਦੰਡਾਂ ਤੋ ਕਾਫੀ ਵੱਧ ਜਾਂਦੀ ਏ। ਇਹ ਹੁਕਮ 30 ਨਵੰਬਰ 2024 ਤੱਕ ਲਾਗੂ ਰਹਿਣਗੇ। ਉਨ੍ਹਾਂ ਕਿਹਾ ਕਿ ਇਹਨਾਂ ਹੁਕਮਾਂ ਦੀ ਉਲੰਘਣਾਂ ਕਰਨ ਵਾਲਿਆਂ ਖਿਲਾਫ ਸਖਤ ਕਾਰਵਾਈ ਕੀਤੀ ਜਾਵੇਗੀ। ਫਾਜ਼ਿਲਕਾ ਦੇ ਡਿਪਟੀ ਕਮਿਸ਼ਨਰ ਅਮਰਪ੍ਰੀਤ ਕੌਰ ਸੰਧੂ ਨੇ

ਝੋਨੇ ਦੀ ਸੁਚਾਰੂ ਖਰੀਦ ਯਕੀਨੀ ਬਣਾਉਣ ਅਤੇ ਪਰਾਲੀ ਪ੍ਰਬੰਧ ਸਬੰਧੀ ਵਿਚਾਰਾਂ ਕਰਨ ਲਈ ਕਿਸਾਨਾਂ ਦੇ ਨੁਮਾਇੰਦਿਆਂ ਨਾਲ ਬੈਠਕ ਕੀਤੀ। ਇਸ ਮੌਕੇ ਡਿਪਟੀ ਕਮਿਸ਼ਨਰ ਨੇ ਕਿਹਾ ਕਿ ਝੋਨੇ ਦੀ ਖਰੀਦ ਦੇ ਸੀਜਨ ਦੌਰਾਨ ਕਿਸਾਨਾਂ ਨੂੰ ਕੋਈ ਮੁਸ਼ਕਿਲ ਨਹੀਂ ਆਉਣ ਦਿੱਤੀ ਜਾਵੇਗੀ। ਉਨ੍ਹਾਂ ਨੇ ਇਸ ਤੋਂ ਪਹਿਲਾਂ ਕਿਸਾਨਾਂ ਦੀਆਂ ਮੁਸ਼ਕਿਲਾਂ ਵੀ ਸੁਣੀਆਂ ਅਤੇ ਭਰੋਸਾ ਦਿੱਤਾ ਕਿ ਇਨ੍ਹਾਂ ਦਾ ਹੱਲ ਕੀਤਾ ਜਾਵੇਗਾ। ਇਸ ਮੌਕੇ ਡਿਪਟੀ ਕਮਿਸ਼ਨਰ ਨੇ ਕਿਸਾਨਾਂ ਨੂੰ ਪਰਾਲੀ ਨੂੰ ਬਿਨ੍ਹਾਂ ਸਾੜੇ ਇਸਦਾ ਨਿਪਟਾਰਾ ਕਰਨ ਦੀ ਅਪੀਲ ਕੀਤੀ।

-----------------------------------------------------

ਫਾਜ਼ਿਲਕਾ ਦੇ ਜ਼ਿਲ੍ਹਾ ਵਿਕਾਸ ਅਤੇ ਪੰਚਾਇਤ ਅਫ਼ਸਰ ਗੁਰਦਰਸ਼ਨ ਲਾਲ ਕੁੰਡਲ ਨੇ ਦੱਸਿਆ ਕਿ ਪੰਚਾਇਤੀ ਚੋਣਾਂ ਵਿਚ ਸਰਪੰਚ ਤੇ ਪੰਚ ਦੇ ਅਹੁਦੇ ਦੀ ਚੋਣ ਲੜਨ ਦੇ ਇੱਛੁਕ ਉਮੀਦਵਾਰਾਂ ਨੂੰ ਉਨ੍ਹਾਂ ਦੇ ਵਿਭਾਗ ਵੱਲੋਂ ਲਗਾਤਾਰ ਇਤਰਾਜਹੀਣਤਾ ਸਰਟੀਫਿਕੇਟ ਜਾਰੀ ਕੀਤੇ ਜਾ ਰਹੇ ਨੇ ਅਤੇ ਜਿੱਥੇ ਕਿਸੇ ਨੇ ਬਕਾਇਆ ਜਮਾਂ ਕਰਵਾਉਣਾ ਏ, ਉਹ ਲੋਕ ਵੀ ਜਮਾਂ ਕਰਵਾ ਕੇ ਇਹ ਸਰਟੀਫਿਕੇਟ ਪ੍ਰਾਪਤ ਕਰ ਰਹੇ ਨੇ। ਉਨ੍ਹਾਂ ਦੱਸਿਆ ਕਿ ਲੰਘੇ ਸ਼ਨੀਵਾਰ ਅਤੇ ਐਤਵਾਰ ਨੂੰ ਵੀ ਸਾਰੇ ਬੀਡੀਪੀਓ ਦਫ਼ਤਰ ਖੁੱਲੇ ਰੱਖੇ ਗਏ ਤਾਂ ਜੋ ਕਿਸੇ ਨੂੰ ਵੀ ਐਨ ਓ ਸੀ ਲੈਣ ਵਿਚ ਕੋਈ ਦਿੱਕਤ ਨਾ ਆਵੇ ਅਤੇ ਆਉਣ ਵਾਲੀ 2 ਅਤੇ 3 ਅਕਤੂਬਰ ਨੂੰ ਵੀ ਦਫ਼ਤਰ ਖੁੱਲੇ ਰੱਖੇ ਜਾਣਗੇ ਤਾਂ ਜੋ ਲੋਕਾਂ ਨੂੰ ਐਨਓਸੀ ਲੈਣ ਵਿਚ ਦਿੱਕਤ ਨਾ ਆਵੇ। ਉਨ੍ਹਾਂ ਨੇ ਕਿਹਾ ਕਿ ਵਿਭਾਗ ਵੱਲੋਂ ਇਸ ਸਬੰਧੀ ਪੂਰੇ ਇੰਤਜਾਮ ਕੀਤੇ ਗਏ ਨੇ। ਉਨ੍ਹਾਂ ਨੇ ਇਹ ਵੀ ਦੱਸਿਆ ਕਿ ਸ਼ਨੀਵਾਰ ਸ਼ਾਮ ਤੱਕ ਜ਼ਿਲ੍ਹੇ ਵਿਚ 776 ਐਨਓਸੀ ਜਾਰੀ ਕੀਤੀਆਂ ਜਾ ਚੁੱਕੀਆਂ ਸਨ।

-----------------------------------------------------

ਆਖ਼ਿਰ ਵਿਚ ਖ਼ਾਸ ਖ਼ਬਰਾਂ ਇਕ ਵਾਰ ਫੇਰ ਤੋਂ

- ਕੇਂਦਰੀ ਜਾਂਚ ਬਿਊਰੋ ਨੇ ਆਲਮੀ ਪੱਧਰ 'ਤੇ ਧੋਖਾਧੜੀ ਦੀਆਂ ਗਤੀਵਿਧੀਆਂ ਵਿੱਚ ਸ਼ਾਮਲ ਸਾਈਬਰ ਅਪਰਾਧ ਨੈਟਵਰਕ ਦੇ 26 ਮੁੱਖ ਸੰਚਾਲਕਾਂ ਨੂੰ ਗ੍ਰਿਫਤਾਰ ਕੀਤਾ ਏ।
- ਸੂਬੇ ਵਿੱਚ ਭਲਕੇ ਤੋਂ ਝੋਨੇ ਦੀ ਸਰਕਾਰੀ ਖਰੀਦ ਸ਼ੁਰੂ ਹੋ ਰਹੀ ਏ। ਵੱਖ-ਵੱਖ ਜਿਲ੍ਹਿਆਂ ਦੇ ਡਿਪਟੀ ਕਮਿਸ਼ਨਰਾਂ ਨੇ ਖਰੀਦ ਪ੍ਰਬੰਧਾਂ ਦਾ ਜਾਇਜਾ ਲਿਆ।
- ਸੀ ਆਈ ਏ ਸਟਾਫ ਖਰੜ ਨੇ ਏਟੀਐਮ ਬਦਲ ਕੇ ਠੱਗੀ ਮਾਰਨ ਤੇ ਅੰਤਰਰਾਜੀ ਚੋਰ ਗਿਰੋਹ ਦਾ ਪਰਦਾਫਾਸ਼ ਕੀਤਾ ਏ।
- ਸ੍ਰੀ ਫਤਹਿਗੜ੍ਹ ਸਾਹਿਬ ਵਿਖੇ ਆਂਗਨਵਾੜੀ ਵਰਕਰਾਂ ਨੇ ਸਰਕਾਰ ਖਿਲਾਫ ਰੋਸ ਪ੍ਰਦਰਸ਼ਨ ਕੀਤਾ ਏ।